ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿਚ ਐਤਵਾਰ ਸ਼ਾਮ ਤੱਕ **2.70** ਲੱਖ ਮੀਟ੍ਰਿਕ ਟਨ ਕਣਕ ਦੀ ਆਮਦ: ਤੇਜ ਪ੍ਰਤਾਪ ਸਿੰਘ ਫੂਲਕਾ
 * ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ ਦੀ ਅਪੀਲ

ਬਰਨਾਲਾ, **27** ਅਪਰੈਲ

ਕੋਵਿਡ **19** ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਿੱਥੇ ਪੂਰੀਆਂ ਸਿਹਤ ਸਹੂਲਤਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ, ਉਥੇ ਹੀ ਜ਼ਰੂਰੀ ਵਸਤਾਂ ਦੀ ਸਪਲਾਈ ਨਿਰਵਿਘਨ ਜਾਰੀ ਹੈ। ਇਸ ਦੇ ਨਾਲ ਹੀ ਹਾੜ੍ਹੀ ਦੇ ਸੀਜ਼ਨ ਦੇ ਮੱਦੇਨਜ਼ਰ ਅਨਾਜ ਮੰਡੀਆਂ ਵਿਚ ਸਮਾਜਿਕ ਦੂਰੀ, ਮਾਸਕਾਂ ਦੀ ਵਰਤੋਂ ਸਣੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ।

ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਅਨਾਜ ਮੰਡੀਆਂ ਵਿਚ ਕਣਕ ਦੀ ਖਰੀਦ ਪ੍ਰਕਿਰਿਆ ਦੀ ਰੋਜ਼ਾਨਾ ਪੱਧਰ ’ਤੇ ਨਜ਼ਰਸਾਨੀ ਕੀਤੀ ਜਾ ਰਹੀ ਹੈ ਤਾਂ ਜੋ ਜਿੱਥੇ ਵੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ, ਉਥੇ ਹੱਲ ਕਰਵਾਇਆ ਜਾ ਸਕੇ। ਇਸ ਦੇ ਨਾਲ ਹੀ ਸੈਕਟਰਾਂ ਅਫਸਰਾਂ, ਜੀਓਜੀ ਤੇ ਵਲੰਟੀਅਰਾਂ ਨੂੰ ਅਨਾਜ ਮੰਡੀਆਂ ਵਿਚ ਖਰੀਦ ਪ੍ਰਕਿਰਿਆ ’ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਐਤਵਾਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿਚ **2,70,227** ਮੀਟ੍ਰਿਕ ਟਨ ਕਣਕ ਦੀ ਆਮਦ ਹੋਈ, ਜਿਸ ਵਿਚੋਂ **2,59,364** ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ ਅਤੇ ਲਿਫਟਿੰਗ ਪ੍ਰਕਿਰਿਆ ਵੀ ਜਾਰੀ ਹੈ। ਇਸ ਦੇ ਨਾਲ ਹੀ ਕੱਲ੍ਹ ਸ਼ਾਮ ਤੱਕ ਵੱਖ ਵੱਖ ਏਜੰਸੀਆਂ ਵੱਲੋਂ **249** ਕਰੋੜ ਦੀ ਐਡਵਾਈਜ਼ ਜਨਰੇਟ ਹੋ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਅਪੀਲ ਕੀਤੀ ਕਿ ਕ**Î**ਣਕ ਦੀ ਵਾਢੀ ਕਰ ਚੁੱਕੇ ਕਿਸਾਨ ਕਿਸੇ ਵੀ ਹਾਲਤ ਵਿਚ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ। ਕਣਕ ਦੇ ਨਾੜ ਨੂੰ ਅੱਗ ਲਾਉਣ ਨਾਲ ਜਿੱਥੇ ਵਾਤਾਰਵਰਣ ਪ੍ਰਦੂਸ਼ਿਤ ਹੁੰਦਾ ਹੈ, ਉਥੇ ਇਸ ਦੇ ਧੂੰਏਂ ਨਾਲ ਮਨੁੱਖੀ ਸਰੀਰ ਵਿਚ ਕੋਰੋਨਾ ਨਾਲ ਲੜਣ ਦੀ ਸਮਰੱਥਾ ਵੀ ਬਹੁਤ ਘਟ ਜਾਂਦੀ ਹੈ। ਪਰਾਲੀ ਦੇ ਧੂੰਏਂ ਨਾਲ  ਸਾਹ ਤੇ ਫੇਫੜਿਆਂ ਦੀ ਬਿਮਾਰੀ ਨਾਲ ਪੀੜਤ ਲੋਕਾਂ ਨੂੰ ਕੋਰੋਨਾ ਦੀ ਲਪੇਟ ਵਿੱਚ ਆਉਣ ਅਤੇ ਕੋਰੋਨਾ ਦੇ ਫੈਲਣ ਦੀ ਸੰਭਾਵਨਾ ਵਧ ਜਾਂਦੀ ਹੈ। ਇਸ ਲਈ ਕਿਸੇ ਵੀ ਹਾਲਤ ਵਿਚ ਕਣਕ ਦੇ ਨਾੜ ਨੂੰ ਅੱਗ ਨਾ ਲਾਈ ਜਾਵੇ ਤਾਂ ਜੋ ਸਾਡਾ ਜ਼ਿਲ੍ਹਾ ਕਰੋਨਾ ਵਾਇਰਸ ਤੋਂ ਬਚਿਆ ਰਹੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਕਰਫਿਊ ਦੌਰਾਨ ਜ਼ਿਲ੍ਹੇ ’ਚ **7015** ਨਸ਼ਾ-ਪੀੜਤਾਂ ਨੂੰ ਦਿੱਤੀ ਗਈ ਦਵਾਈ: ਡਾ ਜੀ.ਬੀ. ਸਿੰਘ

* ਨਸ਼ਾ ਛੁਡਾਊ ਪ੍ਰੋਗਰਾਮ ਤਹਿਤ **1026** ਨਵੇਂ ਨਸ਼ਾ-ਪੀੜਤ ਹੋਏ ਰਜਿਸਟਰਡ

ਬਰਨਾਲਾ, **27** ਅਪਰੈਲ

ਕੋਵਿਡ-**19** ਦੇ ਫੈਲਾਅ ਨੂੰ ਰੋਕਣ ਲਈ ਲਗਾਏ ਕਰਫਿਊ ਦੌਰਾਨ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੋਧੀ ਮੁਹਿੰਮ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ, ਜਿਸ ਤਹਿਤ ਸੈਂਕੜੇ ਨਸ਼ਾ ਪੀੜਤ ਮਰੀਜ਼ਾਂ ਨੇ ਓਟ ਕਲੀਨਿਕਾਂ ਤੇ ਨਸ਼ਾ-ਛੁਡਾਊ ਕੇਂਦਰਾਂ ਵੱਲ ਰੁਖ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਓਟ ਕਲੀਨਿਕਾਂ ਤੇ ਨਸ਼ਾ ਛੁਡਾਊ ਕੇਂਦਰਾਂ ਦੇ ਖੱੁਲ੍ਹਣ ਦਾ ਸਮਾਂ ਸਵੇਰੇ **8** ਵਜੇ ਹੈ। ਨਵੀਂ ਰਜਿਸਟ੍ਰੇਸ਼ਨ ਲਈ ਅੱਲਗ ਕਾਊਂਟਰ ਦਾ ਪ੍ਰਬੰਧ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਤਾਂ ਜੋ ਇਥੇ ਮਰੀਜ਼ਾਂ ਦੀਆਂ ਲੰਮੀਆਂ ਕਤਾਰਾਂ ਨਾ ਲੱਗਣ। ਡਾ. ਜੀ. ਬੀ. ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਨਸ਼ਾ-ਛੁਡਾਊ ਮੁਹਿੰਮ ਤਹਿਤ ਕਰਫਿਊ ਦੌਰਾਨ **1026** ਮਰੀਜ਼ਾਂ ਦੀ ਨਵੀਂ ਰਜਿਸਟਰੇਸ਼ਨ ਹੋਈ ਹੈ, ਜਦੋਂਕਿ ਕੁੱਲ **7015** ਮਰੀਜ਼ਾਂ ਨੂੰ ਦਵਾਈ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨਸ਼ਾ-ਛੁਡਾਊ ਕੇਂਦਰਾਂ ਵਿਚ ਦਵਾਈ ਦੇਣ ਦੌਰਾਨ ਸਮਾਜਿਕ ਦੂਰੀ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਮਰੀਜ਼ਾਂ ਨੂੰ ਸੁਚੇਤ ਕੀਤਾ ਜਾ ਰਿਹਾ ਹੈ ਕਿ ਜੇਕਰ ਜ਼ਿਆਦਾ ਬੁਖਾਰ, ਖੁਸ਼ਕ ਖੰਘ ਅਤੇ ਸਾਹ ਲੈਣ ਵਿੱਚ ਮੁਸ਼ਕਲ ਹੁੰਦੀ ਹੈ ਤਾਂ ਉਹ ਲਾਜ਼ਮੀ ਤੌਰ ’ਤੇ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਨਸ਼ਾ-ਛੁਡਾਊ ਪ੍ਰੋਗਰਾਮ ਦਾ ਮੁੱਖ ਉਦੇਸ਼ ਨਸ਼ੇ ਦੇ ਕੋਹੜ ਤੋਂ ਮੁਕਤੀ ਦਿਵਾ ਕੇ ਨਾਗਰਿਕਾਂ ਦਾ ਮੁੜ ਵਸੇਬਾ ਕਰਾਉਣਾ ਹੈ ਤਾਂ ਜੋ ਉਹ ਸਿਹਤਯਾਬ ਜ਼ਿੰਦਗੀ ਦੀ ਸ਼ੁਰੂਆਤ ਕਰ ਸਕਣ। ਉਨ੍ਹਾਂ ਦੱਸਿਆ ਕਿ ਟੋਲ ਫਰੀ ਹੈਲਪਲਾਈਨ ਨੰਬਰ **104** ’ਤੇ ਦਿਨ-ਰਾਤ ਡਾਕਟਰੀ ਸੇਵਾਵਾਂ ਸਮੇਤ ਨਸ਼ਾ-ਛੁਡਾਊ ਪ੍ਰੋਗਰਾਮ ਸਬੰਧੀ ਮੁਕੰਮਲ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ।

ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਕਰਫਿਊ ਦੇ ਮੱਦੇਨਜ਼ਰ ਮਰੀਜ਼ਾਂ ਨੂੰ ਹੁਣ ਘਰ ਲਿਜਾਣ ਲਈ (ਟੇਕ ਹੋਮ ਡੋਜ਼) **21** ਦਿਨਾਂ ਦੀ ਦਵਾਈ ਦਿੱਤੀ ਜਾਂਦੀ ਹੈ ਅਤੇ ਇਹ ਦਵਾਈ ਕੇਵਲ ਸਾਇਕੈਟਰਿਸਟ ਦੀ ਸਲਾਹ ਉਪਰੰਤ ਹੀ ਮਰੀਜ਼ ਨੂੰ ਦਿੱਤੀ ਜਾ ਰਹੀ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

8 ਹੋਰ ਆੜ੍ਹਤੀਆਂ ਨੂੰ 4 ਹਜ਼ਾਰ ਰੁਪਏ ਜੁਰਮਾਨਾ
* ਲੇਬਰ ਦੇ ਮਾਸਕ ਨਾ ਪਾਇਆ ਹੋਣ ਦਾ ਮਾਮਲਾ

ਬਰਨਾਲਾ, 27 ਅਪਰੈਲ
ਕਰੋਨਾ ਵਾਇਰਸ ਫੈਲਣ ਤੋਂ ਬਚਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਆਦੇਸ਼ਾਂ ਅਨੁਸਾਰ ਮੰਡੀਆਂ ਵਿਚ ਮਾਸਕ ਦੀ ਵਰਤੋਂ ਯਕੀਨੀ ਬਣਾਉ Î ਨ ਹਿੱਤ ਮਾਰਕੀਟ ਕਮੇਟੀ ਬਰਨਾਲਾ ਵੱਲੋਂ ਸਖ਼ਤੀ ਕੀਤੀ ਜਾ ਰਹੀ ਹੈ। ਸਬਜ਼ੀ ਮੰਡੀ ਵਿਚ ਲੇਬਰ ਵੱਲੋਂ ਮਾਸਕ ਨਾ ਪਾਉਣ ਦੇ ਮਾਮਲੇ ਵਿਚ ਅੱਜ 8 ਹੋਰ ਆੜ੍ਹਤੀਆਂ ਨੂੰ 4 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਹੈ।
ਜਾਣਕਾਰੀ ਅਨੁਸਾਰ ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ ਦੀ ਦੇਖ-ਰੇਖ ਅਧੀਨ ਸੁਪਰਡੈਂਟ ਕੁਲਵਿੰਦਰ ਸਿੰਘ ਭੁੱਲਰ, ਮੰਡੀ ਸੁਪਰਵਾਈਜ਼ਰ ਜਗਸੀਰ ਸਿੰਘ ਤੇ ਰਾਜ ਕੁਮਾਰ ਦੀ ਟੀਮ ਵੱਲੋਂ ਸਬਜ਼ੀ ਮੰਡੀ ਵਿਚ ਚੈਕਿੰਗ ਕੀਤੀ ਗਈ ਅਤੇ ਲੇਬਰ ਦੇ ਮਾਸਕ ਨਾ ਪਾਇਆ ਹੋਣ ’ਤੇ 8 ਆੜ੍ਹਤੀਆਂ ਨੂੰ 4000 ਰੁਪਏ ਜੁਰਮਾਨਾ ਕੀਤਾ ਗਿਆ ਹੈ। ਸਕੱਤਰ, ਮਾਰਕੀਟ ਕਮੇਟੀ ਗੁਰਲਾਲ ਸਿੰਘ ਨੇ ਦੱਸਿਆ ਕਿ ਆੜ੍ਹਤੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਲੇਬਰ ਦੇ ਮਾਸਕ ਪਾਉਣਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ 10 ਆੜ੍ਹਤੀਆਂ ਨੂੰ 5000 ਰੁਪਏ ਜੁਰਮਾਨਾ ਕੀਤਾ ਜਾ ਚੁੱਕਿਆ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਪੁਰਾਣੇ ਬਾਰਦਾਨੇ ਵਿਚ ਜਿਣਸ ਭਰਨ ’ਤੇ ਫਰਮ ਦਾ ਲਾਇਸੈਂਸ ਮੁਅੱਤਲ

* ਖੇਤੀਬਾੜੀ ਉਪਜ ਐਕਟ ਦੀ ਧਾਰਾ 10 ਅਧੀਨ ਸ਼ਰਤਾਂ ਦੀ ਕੀਤੀ ਗਈ ਉਲੰਘਣਾ
* ਫਰਮ ਨੂੰ ਜਾਰੀ ਕੀਤਾ ਗਿਆ ਸੀ ਕਾਰਨ ਦੱਸੋ ਨੋਟਿਸ

ਭਦੌੜ/ਬਰਨਾਲਾ, 27 ਅਪਰੈਲ

ਜ਼ਿਲ੍ਹਾ ਬਰਨਾਲਾ ਵਿਚ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੀ ਅਗਵਾਈ ਹੇਠ ਮੰਡੀਆਂ ਵਿਚ ਲੋੜੀਂਦੇ ਪ੍ਰਬੰਧ ਅਤੇ ਮਾਪਦੰਡ ਯਕੀਨੀ ਬਣਾਏ ਜਾ ਰਹੇ ਹਨ। ਇਸ ਤਹਿਤ ਖਰੀਦ ਕੇਂਦਰ ਟੱਲੇਵਾਲ ਦੀ ਇਕ ਫਰਮ ਵੱਲੋਂ ਪੁਰਾਣੇ ਪ੍ਰਾਈਵੇਟ ਬਾਰਦਾਨੇ ਵਿਚ ਕਣਕ ਭਰਨ ਦੇ ਮਾਮਲੇ ਵਿਚ ਮਾਰਕੀਟ ਕਮੇਟੀ ਭਦੌੜ ਦੇ ਪ੍ਰਬੰਧਕ ਵੱਲੋਂ ਫਰਮ ਦਾ ਲਾਇਸੈਂਸ ਮੁਅੱਤਲ ਕਰ ਦਿੱਤਾ ਗਿਆ ਹੈ।

ਮਾਰਕੀਟ ਕਮੇਟੀ ਭਦੌੜ ਦੇ ਪ੍ਰਬੰਧਕ ਕਮ ਐਸਡੀਐਮ ਅਨਮੋਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਣਕ ਦੀ ਸੁਚੱਜੀ ਖਰੀਦ ਪ੍ਰਕਿਰਿਆ ਯਕੀਨੀ ਬਣਾਈ ਜਾ ਰਹੀ ਹੈ ਅਤੇ ਨੇਮਾਂ ਅਤੇ ਮਾਪਦੰਡਾਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੇਂਦਰ ਟੱਲੇਵਾਲ ਦੇ ਆੜ੍ਹਤੀਆਂ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਕਿ ਧਾਲੀਵਾਲ ਟਰੇਡਿੰਗ ਕੰਪਨੀ, ਖਰੀਦ ਕੇਂਦਰ ਟੱਲੇਵਾਲ ਵੱਲੋਂ ਪੁਰਾਣੇ ਪ੍ਰਾਈਵੇਟ ਬਾਰਦਾਨੇ ਵਿਚ ਕਣਕ ਭਰੀ ਜਾ ਰਹੀ ਹੈ। ਇਸ ’ਤੇ ਮੰਡੀ ਸੁਪਰਵਾਈਜ਼ਰ ਦੀ ਪੜਤਾਲ ਲਈ ਡਿਊਟੀ ਲਾਈ ਗਈ ਅਤੇ ਪਾਇਆ ਗਿਆ ਕਿ ਸਬੰਧਤ ਫਰਮ ਵੱਲੋਂ 500 ਗੱਟਾ ਪੁਰਾਣੀਆਂ ਬੋਰੀਆਂ ਵਿਚ ਕਣਕ ਭਰੀ ਗਈ ਹੈ। ਇਸ ’ਤੇ ਫਰਮ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰ ਕੇ ਸਪਸ਼ਟੀਕਰਨ ਮੰਗਿਆ ਗਿਆ ਸੀ, ਪਰ ਮਿੱਥੇ ਸਮੇਂ ਅੰਦਰ ਕੋਈ ਜਵਾਬ ਨਹੀਂ ਮਿਲਿਆ। ਇਸ ’ਤੇ ਪੰਜਾਬ ਖੇਤੀਬਾੜੀ ਉਪਜ ਮੰਡੀਆਂ ਐਕਟ 1961 ਦੀ ਧਾਰਾ 10 ਤਹਿਤ ਲਾਇਸੈਂਸ ਦੀਆਂ ਸ਼ਰਤਾਂ 1, 2 ਤੇ 4 ਦੀ ਉਲੰਘਣਾ ਦੇ ਮਾਮਲੇ ਵਿਚ ਫਰਮ ਮੈਸ. ਧਾਲੀਵਾਲ ਟਰੇਡਿੰਗ ਕੰਪਨੀ, ਟੱਲੇਵਾਲ ਦਾ 15 ਦਿਨ ਲਈ ਲਾਇਸੈਂਸ ਮੁਅੱਤਲ ਕਰ ਦਿੱਤਾ ਗਿਆ ਹੈ।

ਸ੍ਰੀ ਧਾਲੀਵਾਲ ਨੇ ਆਖਿਆ ਕਿ ਡਿਪਟੀ ਕਮਿਸ਼ਨਰ ਜੀ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕÎਣਕ ਦੀ ਸੁਚਾਰੂ ਖਰੀਦ ਯਕੀਨੀ ਬਣਾਈ ਜਾ ਰਹੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਅਜੀਵਿਕਾ ਮਿਸ਼ਨ ਤਹਿਤ ਹੱਥੀਂ ਪੀਪੀਈ ਕਿੱਟਾਂ ਤਿਆਰ
੍ਪੀਐਸਆਰਐਲਐਮ ਕਰਮੀ ਵੱਲੋਂ ਕਿੱਟਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਭੇਟ
ਬਰਨਾਲਾ, **27** ਅਪਰੈਲ
ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਤਹਿਤ ਜਿੱਥੇ ਸਵੈ ਸੇਵੀ ਗਰੁੱਪਾਂ ਰਾਹੀਂ ਹੱਥੀਂ ਮਾਸਕ ਅਤੇ ਐਪਰਨ ਬਣਵਾਏ ਗਏ ਹਨ, ਉਥੇ ਅਜੀਵਿਕਾ ਮਿਸ਼ਨ ਦੇ ਕਰਮਚਾਰੀਆਂ ਨੂੰ ਵੀ ਅੱਗੇ ਆਉਣ ਲਈ ਹੱਲਾਸ਼ੇਰੀ ਦਿੱਤੀ ਗਈ ਹੈ।

ਇਸੇ ਮਿਸ਼ਨ ਤਹਿਤ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੀ ਅਗਵਾਈ ਵਿਚ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਦੀ ਕਲੱਸਟਰ ਕੋਆਰਡੀਨੇਟਰ ਪ੍ਰਿਆ ਗੁਪਤਾ ਵੱਲੋਂ ਯਤਨ ਕਰਦੇ ਹੋਏ ਹੱਥੀਂ ਪੀਪੀਈ ਕਿੱਟਾਂ ਤਿਆਰ ਕੀਤੀਆਂ ਗਈਆਂ ਹਨ। ਕਲੱਸਟਰ ਕੋਆਰਡੀਨੇਟਰ ਪ੍ਰਿਆ ਗੁਪਤਾ ਵੱਲੋਂ ਇਹ **4** ਕਿੱਟਾਂ ਅੱਜ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ, ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਰੂਹੀ ਦੁੱਗ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਅਤੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਸੰਜੀਵ ਸ਼ਰਮਾ ਨੂੰ ਸੌਂਪੀਆਂ ਗਈਆਂ। ਇਨ੍ਹਾਂ ਕਿੱਟਾਂ ਵਿਚ ਫੇਸ ਮਾਸਕ, ਐਪਰਨ, ਦਸਤਾਨੇ, ਹੈੱਡ ਕਵਰ ਤੇ ਫੇਸ ਸ਼ੀਲਡ ਸ਼ਾਮਲ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਬਰਨਾਲਾ ਜ਼ਿਲ੍ਹੇ ਵਿਚ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਇਹ ਉਦਮ ਜਾਰੀ ਰੱਖਣ ਲਈ ਪ੍ਰੇਰਿਆ। ਇਸ ਮੌਕੇ ਕਲੱਸਟਰ ਕੋਆਰਡੀਨੇਟਰ ਪ੍ਰਿਆ ਗੁਪਤਾ ਨੇ ਦੱਸਿਆ ਕਿ ਉਸ ਵੱਲੋਂ ਅਜ਼ਮਾਇਸ਼ੀ ਤੌਰ ’ਤੇ ਸੈਨੇਟਾਈਜ਼ਰ ਵੀ ਤਿਆਰ ਕੀਤਾ ਗਿਆ ਹੈ ਤੇ ਇਸ ਦੇ ਨਾਲ ਹੀ ਸਿਹਤ ਵਿਭਾਗ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਆਰ ਦਾ ਵੀ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹੱਥੀਂ ਤਿਆਰ ਕਿੱਟਾਂ ਬਾਹਰੋਂ ਮਿਲਦੀਆਂ ਕਿੱਟਾਂ ਤੋਂ ਕਈ ਗੁਣਾ ਸਸਤੀਆਂ ਪੈਂਦੀਆਂ ਹਨ ਤੇ ਉਹ ਅਜੀਵਿਕਾ ਮਿਸ਼ਨ ਤਹਿਤ ਇਸ ਕਾਰਜ ਵਿਚ ਜੁਟੇ ਹੋਏ ਹਨ।